ਮਲਾਰ ਮਹਲਾ ੩ ॥ ਰਸਨਾ ਨਾਮੁ ਸਭੁ ਕੋਈ ਕਹੈ ॥ ਸਤਿਗੁਰੁ ਸੇਵੇ ਤਾ ਨਾਮੁ ਲਹੈ ॥ ਬੰਧਨ ਤੋੜੇ ਮੁਕਤਿ ਘਰਿ ਰਹੈ ॥ ਗੁਰ ਸਬਦੀ ਅਸਥਿਰੁ ਘਰਿ ਬਹੈ ॥੧॥ ਮੇਰੇ ਮਨ ਕਾਹੇ ਰੋਸੁ ਕਰੀਜੈ ॥ ਲਾਹਾ ਕਲਜੁਗਿ ਰਾਮ ਨਾਮੁ ਹੈ ਗੁਰਮਤਿ ਅਨਦਿਨੁ ਹਿਰਦੈ ਰਵੀਜੈ ॥੧॥ ਰਹਾਉ ॥ ਬਾਬੀਹਾ ਖਿਨੁ ਖਿਨੁ ਬਿਲਲਾਇ ॥ ਬਿਨੁ ਪਿਰ ਦੇਖੇ ਨੀਦ ਨ ਪਾਇ ॥ ਇਹੁ ਵੇਛੋੜਾ ਸਹਿਆ ਨ ਜਾਇ ॥ ਸਤਿਗੁਰੁ ਮਿਲੈ ਤਾਂ ਮਿਲੈ ਸੁਭਾਇ ॥੨॥ ਨਾਮਹੀਣੁ ਬਿਨਸੈ ਦੁਖੁ ਪਾਇ ॥ ਤ੍ਰਿਸਨਾ ਜਲਿਆ ਭੂਖ ਨ ਜਾਇ ॥ ਵਿਣੁ ਭਾਗਾ ਨਾਮੁ ਨ ਪਾਇਆ ਜਾਇ ॥ ਬਹੁ ਬਿਧਿ ਥਾਕਾ ਕਰਮ ਕਮਾਇ ॥ ੩॥ ਤ੍ਰੈ ਗੁਣ ਬਾਣੀ ਬੇਦ ਬੀਚਾਰੁ ॥ ਬਿਖਿਆ ਮੈਲੁ ਬਿਖਿਆ ਵਾਪਾਰੁ ॥ ਮਰਿ ਜਨਮਹਿ ਫਿਰਿ ਹੋਹਿ ਖੁਆਰੁ ॥ ਗੁਰਮੁਖਿ ਤੁਰੀਆ ਗੁਣੁ ਉਰਿ ਧਾਰੁ ॥੪॥ ਗੁਰੁ ਮਾਨੈ ਮਾਨੈ ਸਭੁ ਕੋਇ ॥ ਗੁਰ ਬਚਨੀ ਮਨੁ ਸੀਤਲੁ ਹੋਇ ॥ ਚਹੁ ਜੁਗਿ ਸੋਭਾ ਨਿਰਮਲ ਜਨੁ ਸੋਇ ॥ ਨਾਨਕ ਗੁਰਮੁਖਿ ਵਿਰਲਾ ਕੋਇ ॥ ੫॥੪॥੧੩॥੯॥੧੩॥੨੨॥
{ਪੰਨਾ 1262}

ਪਦ ਅਰਥ:- ਰਸਨਾ—ਜੀਭ (ਨਾਲ)। ਸਭੁ ਕੋਈ—ਹਰੇਕ ਪ੍ਰਾਣੀ। ਕਹੈ—ਆਖਦਾ ਹੈ (ਇਕ-ਵਚਨ)। ਸੇਵੇ—ਸੇਵਾ ਕਰੇ, ਸਰਨ ਪਏ। ਲਹੈ—ਪ੍ਰਾਪਤ ਕਰ ਲੈਂਦਾ ਹੈ। ਮੁਕਤਿ ਘਰਿ—ਮੁਕਤੀ ਦੇ ਘਰ ਵਿਚ, ਉਸ ਘਰ ਵਿਚ ਜਿੱਥੇ ਵਿਕਾਰਾਂ ਤੋਂ ਬਚਿਆ ਰਹਿ ਸਕੀਦਾ ਹੈ। ਸਬਦੀ—ਸ਼ਬਦ ਦੀ ਰਾਹੀਂ। ਅਸਥਿਰੁ—ਅਡੋਲ-ਚਿੱਤ (ਹੋ ਕੇ)। ਘਰਿ—ਹਿਰਦੇ-ਘਰ ਵਿਚ।1।

ਮਨ—ਹੇ ਮਨ! ਕਲਜੁਗਿ—ਕਲਜੁਗ ਵਿਚ, ਵਿਕਾਰਾਂ-ਭਰੇ ਜਗਤ ਵਿਚ। ਲਾਹਾ—ਲਾਭ। ਅਨਦਿਨੁ—ਹਰ ਰੋਜ਼, ਹਰ ਵੇਲੇ। ਰਵੀਜੈ—ਸਿਮਰਨਾ ਚਾਹੀਦਾ ਹੈ।1। ਰਹਾਉ।

ਬਾਬੀਹਾ—ਪਪੀਹਾ। ਬਿਲਲਾਇ—ਵਿਲਕਦਾ ਹੈ, ਤਰਲੇ ਲੈਂਦਾ ਹੈ। ਪਿਰ—ਪ੍ਰਭੂ-ਪਤੀ। ਨੀਦ—ਆਤਮਕ ਸ਼ਾਂਤੀ। ਸੁਭਾਇ—ਪ੍ਰੇਮ ਦੀ ਰਾਹੀਂ।2।

ਬਿਨਸੈ—ਨਾਸ ਹੁੰਦਾ ਹੈ, ਆਤਮਕ ਤੌਰ ਤੇ ਤਬਾਹ ਹੋ ਜਾਂਦਾ ਹੈ। ਕਰਮ—(ਮਿਥੇ ਹੋਏ ਧਾਰਮਿਕ) ਕਰਮ।3।

ਬਾਣੀ ਬੇਦ ਬੀਚਾਰੁ—ਵੇਦਾਂ ਦੀ ਬਾਣੀ ਦੀ ਵਿਚਾਰ। ਬਿਖਿਆ—ਮਾਇਆ। ਵਪਾਰੁ—ਵਣਜ, ਕਾਰ-ਵਿਹਾਰ। ਮਰਿ—ਮਰ ਕੇ। ਜਨਮਹਿ—ਜਨਮਦੇ ਹਨ (ਬਹੁ-ਵਚਨ)। ਹੋਹਿ—ਹੁੰਦੇ ਹਨ (ਬਹੁ-ਵਚਨ)। ਤੁਰੀਆ ਗੁਣੁ—ਉਹ ਗੁਣ ਜੋ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਹੈ। ਉਰਿ—ਹਿਰਦੇ ਵਿਚ।4।

ਮਾਨੈ—ਆਦਰ-ਸਤਕਾਰ ਕਰਦਾ ਹੈ। ਸਭੁ ਕੋਈ—ਹਰੇਕ ਪ੍ਰਾਣੀ। ਗੁਰ ਬਚਨੀ—ਗੁਰੂ ਦੇ ਬਚਨਾਂ ਉੱਤੇ ਤੁਰਿਆਂ। ਚਹੁ ਜੁਗਿ ਸੋਭਾ—ਚਹੁ-ਜੁਗੀ ਸੋਭਾ, ਚਾਰ ਜੁਗਾਂ ਵਿਚ ਕਾਇਮ ਰਹਿਣ ਵਾਲੀ ਸੋਭਾ। ਸੋਭਾ ਨਿਰਮਲ—ਨਿਰਮਲ ਸੋਭਾ, ਪਵਿੱਤਰ ਸੋਭਾ, ਬੇ-ਦਾਗ਼ ਸੋਭਾ। ਜਨੁ—(ਅਸਲ) ਸੇਵਕ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ।5।

ਅਰਥ:- ਹੇ ਮੇਰੇ ਮਨ! (ਪਰਮਾਤਮਾ ਦੇ ਨਾਮ ਵਲੋਂ) ਰੋਸਾ ਨਹੀਂ ਕਰਨਾ ਚਾਹੀਦਾ। ਜਗਤ ਵਿਚ ਪਰਮਾਤਮਾ ਦਾ ਨਾਮ (ਹੀ ਅਸਲ) ਖੱਟੀ ਹੈ। ਹੇ ਭਾਈ! ਗੁਰੂ ਦੀ ਮਤਿ ਲੈ ਕੇ ਹਰ ਵੇਲੇ ਹਿਰਦੇ ਵਿਚ ਹਰਿ-ਨਾਮ ਸਿਮਰਨਾ ਚਾਹੀਦਾ ਹੈ।1। ਰਹਾਉ।

ਹੇ ਭਾਈ! (ਉਂਞ ਤਾਂ) ਹਰ ਕੋਈ ਜੀਭ ਨਾਲ ਹਰਿ-ਨਾਮ ਉਚਾਰਦਾ ਹੈ, ਪਰ ਮਨੁੱਖ ਤਦੋਂ ਹੀ ਹਰਿ-ਨਾਮ (-ਧਨ) ਪ੍ਰਾਪਤ ਕਰਦਾ ਹੈ ਜਦੋਂ ਗੁਰੂ ਦੀ ਸਰਨ ਪੈਂਦਾ ਹੈ। (ਗੁਰੂ ਦੀ ਸਰਨ ਪੈ ਕੇ ਹੀ ਮਨੁੱਖ ਮਾਇਆ ਦੇ ਮੋਹ ਦੇ) ਬੰਧਨ ਤੋੜਦਾ ਹੈ ਅਤੇ ਉਸ ਅਵਸਥਾ ਵਿਚ ਟਿਕਦਾ ਹੈ ਜਿੱਥੇ ਵਿਕਾਰਾਂ ਤੋਂ ਖ਼ਲਾਸੀ ਹੋਈ ਰਹਿੰਦੀ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਨੁੱਖ ਅਡੋਲ-ਚਿੱਤ ਹੋ ਕੇ ਹਿਰਦੇ-ਘਰ ਵਿਚ ਟਿਕਿਆ ਰਹਿੰਦਾ ਹੈ।1।

ਹੇ ਭਾਈ! (ਜਿਵੇਂ ਵਰਖਾ ਦੀ ਬੂੰਦ ਵਾਸਤੇ) ਪਪੀਹਾ ਹਰ ਖਿਨ ਤਰਲੇ ਲੈਂਦਾ ਹੈ, (ਤਿਵੇਂ ਜੀਵ-ਇਸਤ੍ਰੀ) ਪ੍ਰਭੂ-ਪਤੀ ਦਾ ਦਰਸ਼ਨ ਕਰਨ ਤੋਂ ਬਿਨਾ ਆਤਮਕ ਸ਼ਾਂਤੀ ਹਾਸਲ ਨਹੀਂ ਕਰ ਸਕਦੀ। (ਉਸ ਪਾਸੋਂ) ਇਹ ਵਿਛੋੜਾ ਸਹਾਰਿਆ ਨਹੀਂ ਜਾਂਦਾ। ਜਦੋਂ ਕੋਈ ਜੀਵ ਗੁਰੂ ਨੂੰ ਮਿਲ ਪੈਂਦਾ ਹੈ ਤਦੋਂ ਉਹ ਪ੍ਰੇਮ ਵਿਚ (ਲੀਨ ਹੋ ਕੇ) ਪ੍ਰਭੂ ਨੂੰ ਮਿਲ ਪੈਂਦਾ ਹੈ।2।

ਹੇ ਭਾਈ! ਨਾਮ ਤੋਂ ਵਾਂਜਿਆ ਹੋਇਆ ਮਨੁੱਖ ਆਤਮਕ ਮੌਤ ਸਹੇੜ ਲੈਂਦਾ ਹੈ ਦੁੱਖ ਸਹਿੰਦਾ ਰਹਿੰਦਾ ਹੈ, (ਮਾਇਆ ਦੀ) ਤ੍ਰਿਸ਼ਨਾ-ਅੱਗ ਵਿਚ ਸੜਦਾ ਹੈ, ਉਸ ਦੀ (ਮਾਇਆ ਦੀ ਇਹ) ਭੁੱਖ ਦੂਰ ਨਹੀਂ ਹੁੰਦੀ। ਹੇ ਭਾਈ! ਉੱਚੀ ਕਿਸਮਤ ਤੋਂ ਬਿਨਾ ਪਰਮਾਤਮਾ ਦਾ ਨਾਮ ਮਿਲਦਾ ਭੀ ਨਹੀਂ। (ਤੀਰਥ-ਜਾਤ੍ਰਾ ਆਦਿਕ ਮਿੱਥੇ ਹੋਏ ਧਾਰਮਿਕ) ਕਰਮ ਕਈ ਤਰੀਕਿਆਂ ਨਾਲ ਕਮਾ ਕਮਾ ਕੇ ਥੱਕ ਜਾਂਦਾ ਹੈ।3।

ਹੇ ਭਾਈ! (ਜਿਹੜੇ ਪੰਡਿਤ ਆਦਿਕ ਲੋਕ ਮਾਇਆ ਦੇ) ਤਿੰਨਾਂ ਗੁਣਾਂ ਵਿਚ ਰੱਖਣ ਵਾਲੀ ਹੀ ਵੇਦ ਆਦਿਕ ਧਰਮ-ਪੁਸਤਕਾਂ ਦੀ ਵਿਚਾਰ ਕਰਦੇ ਰਹਿੰਦੇ ਹਨ (ਉਹਨਾਂ ਦੇ ਮਨ ਨੂੰ) ਮਾਇਆ (ਦੇ ਮੋਹ) ਦੀ ਮੈਲ (ਸਦਾ ਚੰਬੜੀ ਰਹਿੰਦੀ ਹੈ)। (ਉਹਨਾਂ ਨੇ ਇਸ ਵਿਚਾਰ ਨੂੰ) ਮਾਇਆ ਕਮਾਣ ਦਾ ਹੀ ਵਪਾਰ ਬਣਾਇਆ ਹੁੰਦਾ ਹੈ। (ਅਜਿਹੇ ਮਨੁੱਖ) ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਅਤੇ ਖ਼ੁਆਰ ਹੁੰਦੇ ਰਹਿੰਦੇ ਹਨ। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਹਿਰਦੇ ਵਿਚ ਹਰਿ-ਨਾਮ ਦਾ ਸਹਾਰਾ ਹੁੰਦਾ ਹੈ, ਉਹ ਉਸ ਗੁਣ ਉਸ ਅਵਸਥਾ ਨੂੰ ਹਾਸਲ ਕਰ ਲੈਂਦਾ ਹੈ ਜਿਹੜੀ ਮਾਇਆ ਦੇ ਤਿੰਨ ਗੁਣਾਂ ਤੋਂ ਉਤਾਂਹ ਹੈ।4।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਇੱਜ਼ਤ ਬਖ਼ਸ਼ਦਾ ਹੈ, ਉਸ ਦਾ ਆਦਰ ਹਰ ਕੋਈ ਕਰਦਾ ਹੈ। ਗੁਰੂ ਦੇ ਬਚਨਾਂ ਦੀ ਬਰਕਤਿ ਨਾਲ ਉਸ ਦਾ ਮਨ ਸ਼ਾਂਤ ਰਹਿੰਦਾ ਹੈ, ਉਸ ਨੂੰ ਚਹੁੰਆਂ ਜੁਗਾਂ ਵਿਚ ਟਿਕੀ ਰਹਿਣ ਵਾਲੀ ਬੇ-ਦਾਗ਼ ਸੋਭਾ ਪ੍ਰਾਪਤ ਹੁੰਦੀ ਹੈ, ਉਹੀ ਹੈ ਅਸਲ ਭਗਤ। ਪਰ, ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਅਜਿਹਾ ਕੋਈ ਵਿਰਲਾ ਮਨੁੱਖ ਹੁੰਦਾ ਹੈ।5।4।13।9। 22।

ਸ਼ਬਦਾਂ ਦਾ ਵੇਰਵਾ:

ਮਹਲਾ 1 . . . — 9
ਮਹਲਾ 3 . . .— 13
. . . . . . . . ———
. . . ਜੋੜ . . . .22